irm and

# ਦਫਤਰ ਜਿਲ੍ਹਾ ਸਿੱਖਿਆ ਅਫਸਰ (ਐ:ਸਿ) ਪਠਾਨਕੋਟ

ਜਿਲ੍ਹਾ ਪ੍ਰਬੰਧਕੀ ਕੰਪਲੈਕਸ ਦੂਜੀ ਮੰਜ਼ਿਲ , ਮਲਿਕਪੁਰ, ਪਠਾਨਕੋਟ ਫੋਨ ਨੰਬਰ 0186-2345155 Email : ssapathankot@punjabeducation.gov.in

ਵੱਲ:-

1. ਸੰਬਧਤ ਸਕੂਲ ਮੁੱਖੀ / ਮੈਨੇਜਰ
   ਜਿਲਾ ਪਠਾਨਕੋਟ।
2. ਸੰਬਧਤ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ
   ਜਿਲਾ ਪਠਾਨਕੋਟ।

ਪੱਤਰ ਨੰ:RTE/ 2026-111933 ਮਿਤੀ ਪਠਾਨਕੋਟ: 23/04/26

ਵਿਸ਼ਾ:- 6-14 ਸਾਲ ਦੇ ਬੱਚਿਆਂ ਨੂੰ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ 2011 ਦੇ ਨਿਯਮ ਤੇ ਉਪ ਨਿਯਮ (4) ਸੈਕਸ਼ਨ 18 ਦੇ ਉਦੇਸ਼ ਲਈ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਐਕਟ 2009 ਲਈ ਮਾਨਤਾ ਨਵਿਆਉਣ/ਜਾਰੀ ਕਰਨ ਸੰਬੰਧੀ।

ਸ੍ਰੀ ਮਾਨ/ਮਤੀ ਜੀ,

ਆਪ ਜੀ ਰਾਹੀਂ ਪ੍ਰਾਪਤ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਨਿਮਨਹਸਤਾਖਰੀ ਵੱਲੋਂ ਹੇਠ ਲਿਖੇ ਸਕੂਲਾਂ ਨੂੰ ਜਮਾਤ ਪਹਿਲੀ ਤੋਂ ਜਮਾਤ ਅਠਵੀਂ ਲਈ ਪੰਜਾਬ ਸਰਕਾਰ ਸਿੱਖਿਆ ਵਿਭਾਗ (ਸਿੱਖਿਆ-3 ਸ਼ਾਖਾ)ਹੁਕਮ ਨੰ: SED-EDU301/114/2022-3EDU3/645126 ਮਿਤੀ 19.09.2023 ਦੇ ਹਵਾਲੇ ਅਤੇ ਮਿਤੀ ਚੰਡੀਗੜ੍ਹ 29/11/23 ਅਨੁਸਾਰ ਅਗਲੇ ਹੁਕਮਾ ਤੱਕ ਮਾਨਤਾ ਜਾਰੀ/ਨਵਿਆਈ ਜਾਂਦੀ ਹੈ।

| Sr. No. | RTE CODE | SCHOOL NAME | BLOCK |
|---|---|---|---|
| 1 | 2357 | Auxilium International school Ranipur | Dhar-2 |

ਹੇਠ ਲਿਖਿਆਂ ਸ਼ਰਤਾਂ ਦੀ ਪੂਰਤੀ ਤੋ ਬਾਅਦ ਹੀ ਇਹ ਮੰਜ਼ੂਰੀ ਸਹੀ ਮੰਨੀ ਜਾਵੇਗੀ।

ਸ਼ਰਤਾਂ:

1: ਮਾਨਤਾ ਦੀ ਮੰਜ਼ੂਰੀ ਦਾ ਸਮਾਂ ਵਧਾਇਆ ਨਹੀ ਜਾ ਸਕਦਾ ਅਤੇ ਕਿਸੇ ਵੀ ਸੂਰਤ ਵਿੱਚ ਅੱਠਵੀ ਸ੍ਰੇਣੀ ਤੋ ਅੱਗੇ ਮਾਨਤਾ/ਐਫੀਲੇਸ਼ਨ ਲਈ ਵਚਨਵੱਧ ਨਹੀ ਹੈ।

2: ਸਕੂਲ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਕਾਨੂੰਨ 2009(ਅਨੇਕਚਰ 1) ਅਤੇ ਬੱਚਿਆਂ ਦੇ ਲਾਜਮੀ ਅਤੇ ਮੁਫਤ ਸਿੱਖਿਆ ਦੇ ਨਿਯਮ 2011(ਅਨੈਕਚਰ 2) ਦੀ ਇੰਨਬਿੰਨ ਪਾਲਣਾ ਕਰੇਗਾ।

3: ਸਕੂਲ ਪਹਿਲੀ ਸ੍ਰੇਣੀ ਵਿੱਚ ਦਾਖਲਾ ਕਰੇਗਾ ਅਤੇ ਕਲਾਸ ਦੀ 25 ਪ੍ਰਤੀਸ਼ਤ ਉਸ ਵਿੱਚ ਸਾਰੇ ਵਿਦਿਆਰਥੀ ਜੋ ਕਮਜੋਰ ਵਰਗ ਅਤੇ ਗੈਰ ਲਾਭਦਾਇਕ ਵਰਗ ਜੋ ਕਿ ਉਹਨਾ ਦੇ ਗੁਆਂਢ ਵਿੱਚ ਹੋਣਗੇ ਨੂੰ ਐਲੀਮੈਟਰੀ ਸਿੱਖਿਆ ਦੀ ਸਮਾਪਤੀ ਤੱਕ ਮੁਫਤ ਅਤੇ ਲਾਜਮੀ ਸਿੱਖਿਆ ਪ੍ਰਦਾਨ ਕਰਵਾਏਗਾ।ਬਸਰਤੇ ਪ੍ਰੀ ਪ੍ਰਾਇਮਰੀ ਸ੍ਰੇਣੀਆਂ ਉਤੇ ਵੀ ਇਹ ਨਿਯਮ ਲਾਗੂ ਹੋਵੇਗਾ।

4: ਪੈਰਾ ਨੰ:3 ਵਿੱਚ ਦਰਸਾਏ ਵਿਦਿਆਰਥੀਆਂ ਦੇ ਲਈ ਸਕੂਲ, ਕਾਨੂੰਨ ਦੇ ਸੈਕਸ਼ਨ 12 ਦੇ ਸਬ 'ਸੈਕਸ਼ਨ 2 ਅਨੁਸਾਰ ਦੀ ਪੂਰਤੀ ਕਰੇਗਾ ਅਤੇ ਇਸ ਪ੍ਰਤੀ ਪੂਰਤੀ ਲਈ ਇੱਕ ਵੱਖਰਾ ਬੈਕ ਖਾਤਾ ਮਹੁੱਈਆ ਕਰਵਾਏਗਾ।

5: ਸਕੂਲ ਕੋਈ ਵੀ ਜਬਰੀ ਫੀਸ ਕਿਸੇ ਮਾਪਿਆਂ ਤੋ ਜਾਂ ਸਰਪ੍ਰਸਤ ਤੋ ਕਿਸੇ ਵੀ ਕਾਰਵਾਈ ਲਈ ਇਕੱਠੀ ਨਹੀ ਕਰੇਗਾ।

6: ਸਕੂਲ ਕਿਸੇ ਨੂੰ ਵੀ ਦਾਖਲੇ ਤੋ ਮਨਾਂ ਨਹੀ ਕਰੇਗਾ:-
(ੳ) ਕਿਸੇ ਵੀ ਬੱਚੇ ਨੂੰ ਜਿਸ ਕੋਲ ਜਨਮ ਦਾ ਸਬੂਤ ਨਾ ਹੋਵੇ ਜਾਂ
(ਅ) ਜੇਕਰ ਅਜਿਹੇ ਬੱਚੇ ਨੂੰ ਦਰਸਾਏ ਜਾਂ ਵਧਾਏ ਸਮੇ ਦੋਰਾਨ (ਦਾਖਲਾ ਦੇਣ ਲਈ) ਜੇਕਰ ਦਾਖਲਾ ਦੇ ਦਿੱਤਾ ਜਾਂਦਾ ਹੈ।
(ੲ) ਧਰਮ, ਜਾਤਪਾਤ, ਜਨਮ ਅਸਥਾਨ ਜਾਂ ਇਹਨਾ ਕਾਰਨਾ ਦੇ ਅਧਾਰ ਤੇ।

7: ਸਕੂਲ ਯਕੀਨੀ ਬਣਾਏਗਾ:
(ੳ) ਕੋਈ ਵੀ ਦਾਖਲ ਵਿਦਿਆਰਥੀ ਕਿਸੇ ਵੀ ਸ੍ਰੇਣੀ ਵਿੱਚ ਰੋਕਿਆ ਜਾਂ ਕੱਢਿਆ ਨਹੀ ਜਾ ਸਕਦਾ ਜਦੋ ਤੱਕ ਉਸ ਦੀ ਐਲੀਮੈਟਰੀ ਸਿੱਖਿਆ ਪੂਰੀ ਨਹੀ ਹੋ ਜਾਂਦੀ।
(ਅ) ਕਿਸੇ ਵੀ ਵਿਦਿਆਰਥੀ ਨੂੰ ਸਰੀਰਕ ਜਾਂ ਮਾਨਸਿਕ ਦੰਡ ਨਹੀ ਦਿੱਤਾ ਜਾਵੇਗਾ।
(ੲ) ਕਿਸੇ ਵੀ ਵਿਦਿਆਰਥੀ ਨੂੰ ਐਲੀਮੈਟਰੀ ਸਿੱਖਿਆ ਪੂਰੀ ਕਰਨ ਤੋ ਪਹਿਲਾਂ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਜ਼ਰੂਰਤ ਨਹੀ ਹੋਵੇਗੀ
(ਸ) ਨਿਯਮ 21 ਦੇ ਮੁਤਾਬਿਕ ਹਰੇਕ ਵਿਦਿਆਰਥੀ ਨੂੰ ਐਲੀਮੈਟਰੀ ਸਿੱਖਿਆ ਪ੍ਰਾਪਤ ਕਰਨ ਉਪਰੰਤ ਸਰਟੀਫਿਕੇਟ ਪ੍ਰਦਾਨ ਕੀਤਾ ਜਾਵੇਗਾ।

Auxilium International School
Principal/
Academic
Chancellor
Ranipur

(ਹ) ਕਾਨੂੰਨ ਦੇ ਤਹਿਤ ਅਪੰਗ, ਅਯੋਗ ਜਾਂ ਵਿਸ਼ੇਸ਼ ਜਰੂਰਤਾਂ ਵਾਲੇ ਵਿਦਿਆਰਥੀਆਂ ਨੂੰ ਦਾਖਲ ਕੀਤਾ ਜਾਵੇਗਾ

(ਕ) ਸੈਕਸ਼ਨ 23 ਦੇ ਸਬ ਸੈਕਸ਼ਨ (1) ਅਨੁਸਾਰ ਨਿਯੁਕਤ ਅਧਿਆਪਕ ਆਪਣੀਆਂ ਵਿਦਿਅਕ ਯੋਗਤਾਵਾਂ ਨੂੰ ਪੂਰਾ ਕਰਦਾ ਹੋਵੇ। ਜੇਕਰ ਪਹਿਲਾਂ ਤੋਂ ਨਿਯੁਕਤ ਹਨ ਤਾਂ ਉਹ ਆਪਣੀਆਂ ਲੋੜੀਦੀਆਂ ਘੱਟ ਤੋਂ ਘੱਟ ਵਿਦਿਅਕ ਯੋਗਤਾਵਾਂ ਕਾਨੂੰਨ ਦੇ ਲਾਗੂ ਹੋਣ ਦੀ ਮਿਤੀ ਤੋਂ ਨੌਕਰੀ ਵਿਚ ਆਉਣ ਦੇ 5 ਸਾਲਾਂ ਦੌਰਾਨ ਪੂਰੀਆਂ ਕਰਨਗੇ।

(ਖ) ਸਿੱਖਿਆ ਕਾਨੂੰਨ ਦੇ ਸੈਕਸ਼ਨ 24 ਅਤੇ ਸਬ ਸੈਕਸ਼ਨ (1) ਅਨੁਸਾਰ ਦਰਸਾਏ ਗਏ ਨਿਯਮਾਂ ਤਹਿਤ ਅਧਿਆਪਕ ਆਪਣੀਆਂ ਡਿਊਟੀਆਂ ਨਿਭਾਉਣਗੇ।

(ਗ) ਅਧਿਆਪਕ ਆਪਣੇ ਆਪ ਨੂੰ ਕਿਸੇ ਵੀ ਕਿਸਮ ਦੀ ਪ੍ਰਾਇਵੇਟ ਟਿਊਸ਼ਨ ਵਿੱਚ ਸ਼ਾਮਲ ਨਹੀ ਕਰਨਗੇ।

8: ਸਕੂਲ, ਯੋਗ ਪ੍ਰਬੰਧਕੀ ਸੰਸਥਾ/ਅਥਾਰਟੀ ਦੁਆਰਾ ਨਿਯਮਿਤ ਕੀਤਾ ਗਿਆ ਸਮਾਂ ਸਾਰਣੀ ਅਤੇ ਪਾਠਕ੍ਰਮ ਵੰਡ ਦਾ ਅਨੁਸਰਣ ਕਰੇਗਾ।

9: ਸਕੂਲ ਕਾਨੂੰਨ ਦੀ ਧਾਰਾ 19 ਵਿੱਚ ਦਰਸਾਏ ਗਏ ਅਨੁਪਾਤ ਅਨੁਸਾਰ ਬੱਚਿਆਂ ਦਾ ਦਾਖਲਾ ਕਰੇਗਾ।

10: ਸਕੂਲ ਸਿੱਖਿਆ ਅਧਿਕਾਰ ਕਾਨੂੰਨ ਦੀ ਧਾਰਾ 19 ਅਨੁਸਾਰ ਮਾਪਦੰਡ ਅਨੁਸਾਰ ਪਾਲਣਾ ਕਰੇਗਾ। ਜੋ ਸਹੂਲਤਾਂ ਪਿਛਲੇ ਸਮੇ ਦੇ ਮੁਆਇਨੇ ਅਨੁਸਾਰ ਦਰਸਾਈਆਂ ਗਈਆਂ ਹਨ, ਜੇਕਰ ਹਨ ਤਾਂ ਹੇਠ ਲਿਖੇ ਅਨੁਸਾਰ ਹਨ:-

ਸਕੂਲ ਦਾ ਖੇਤਰਫਲ

ਬਣਿਆ ਹੋਇਆ ਕੁੱਲ ਖੇਤਰਫਲ

ਖੇਡ ਦੇ ਮੈਦਾਨ ਦਾ ਖੇਤਰਫਲ

ਸ੍ਰੇਣੀਆਂ ਦੇ ਕਮਰਿਆਂ ਦੀ ਗਿਣਤੀ

ਮੁੱਖ ਅਧਿਆਪਕ ਕਮ ਅਫਸਰ ਕਮ ਭੰਡਾਰਣ ਦਾ ਕਮਰਾ

ਲਿਖਣ ਪੜਣ ਸੰਬੰਧੀ ਸਮੱਗਰੀ/ਖੇਡਾਂ ਦਾ ਸਮਾਨ/ਲਾਇਬਰੇਰੀ ਦੀ ਸਮੱਗਰੀ ਦੀ ਉਪਲਬਧਤਾ।

11: ਉਸੇ ਸਕੂਲ ਦੇ ਨਾ ਉਤੇ ਸਕੂਲ ਦੇ ਅਹਾਤੇ ਦੇ ਅੰਦਰ ਜਾਂ ਬਾਹਿਰ ਕੋਈ ਵੀ ਗੈਰ ਮਾਨਤਾ ਸ੍ਰੇਣੀ ਨਹੀ ਪੜ੍ਹਾਈ ਜਾਵੇਗੀ।

12: ਸਕੂਲ ਦੀ ਇਮਾਰਤ ਅਤੇ ਢਾਂਚਾ ਜਾਂ ਖੇਡ ਦਾ ਮੈਦਾਨ ਸਿਰਫ ਅਤੇ ਸਿਰਫ ਸਕੂਲ ਦੀ ਵਿਦਿਅਕ ਗਤੀਵਿਧੀਆਂ ਅਤੇ ਹੁਨਰ ਦੇ ਵਿਕਾਸ ਲਈ ਹੀ ਵਰਤਿਆ ਜਾਵੇਗਾ।

13: ਸਕੂਲ (1860 ਦੇ ਕਾਨੂੰਨ ਨੰ:21) ਕਾਨੂੰਨ ਤਹਿਤ ਪੰਜੀਕ੍ਰਿਤ ਸੁਸਾਇਟੀ ਵੱਲੋ ਚਲਾਇਆ ਜਾ ਰਿਹਾ ਹੋਵੇ ਜਾਂ ਕੁਝ ਸਮੇ ਲਈ ਕੋਈ ਵੀ ਜਨਤਕ ਸੰਸਥਾ ਦੁਆਰਾ ਚਲਾਇਆ ਜਾ ਰਿਹਾ ਹੋਵੇ।

14: ਸਕੂਲ ਕਿਸੇ ਵੀ ਵਿਅਕਤੀਗਤ ਵਰਗ ਜਾਂ ਵਿਅਕਤੀਗਤ ਗਠਜੋੜ ਨੂੰ ਫਾਇਦਾ ਪਹੁੰਚਾਉਣ ਲਈ ਨਾ ਚਲਾਇਆ ਜਾਂਦਾ ਹੋਵੇ।

15: ਸਕੂਲ ਦਾ ਲੇਖਾ ਜੋਖਾ ਪ੍ਰਮਾਣਿਤ ਲੇਖਾਕਾਰ/ਸੀ:ਏ: ਕੋਲੋ ਨਿਰੀਖਤ ਕੀਤਾ ਹੋਵੇ ਅਤੇ ਨਿਯਮਾਂ ਮੁਤਾਬਿਕ ਲੇਖੇ ਦੀ ਸਾਰਣੀ ਬਣਾਈ ਹੋਣੀ ਚਾਹੀਦੀ ਹੈ।ਹਰ ਵਰੇ ਸਾਰਣੀ ਉਤਾਰਾ ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ) ਨੂੰ ਸੂਚਨਾਂ ਹਿੱਤ ਭੇਜਿਆ ਜਾਵੇਗਾ।

16: ਆਪ ਜੀ ਦੇ ਸਕੂਲ ਦਾ ਮਾਨਤਾ ਪ੍ਰਾਪਤ ਸਨਾਖਤੀ ਨੰ:**(RTE CODE/ NO.)** ਉਪਰੋਕਤ ਦਰਸਾਈ ਲਿਸਟ ਵਿੱਚ ਦਰਜ ਹੈ।(ਕਿਰਪਾ ਕਰਕੇ ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਅੱਗੇ ਤੋ ਭਵਿੱਖ ਵਿੱਚ ਇਹ ਸਨਾਖਤੀ ਨੰਬਰ ਪੱਤਰ ਵਿਵਹਾਰ ਕਰਦੇ ਸਮੇ ਦਰਸਾਇਆ ਜਾਵੇ।

17: ਸਕੂਲ ਅਜਿਹੀਆਂ ਸਾਰੀਆਂ ਰਿਪੋਰਟਾਂ ਅਤੇ ਸੂਚਨਾਂ ਜ਼ਿਲ੍ਹਾ ਸਿੱਖਿਆ ਅਫਸਰ ਜਾਂ ਨਿਰਦੇਸ਼ਕ ਸਿੱਖਿਆ ਵਿਭਾਗ ਨੂੰ ਸਮੇ ਸਮੇ ਪੁਜਦਾ ਕਰੇਗਾ ਅਤੇ ਰਾਜ ਸਰਕਾਰ ਜਾਂ ਸਥਾਨਕ ਪ੍ਰਬੰਧਕ ਨੂੰ ਸਮੇ ਸਮੇ ਉਹਨਾ ਵਲੋ ਨਿਰਦੇਸ਼ਿਤ ਸੂਚਨਾਂ ਮਹੁੱਈਆਂ ਕਰਵਾਉਣ ਲਈ ਪਾਬੰਦ ਹੋਵੇਗਾ। ਸਕੂਲ ਵੱਲੋ ਅਜਿਹੀਆਂ ਘਾਟਾਂ ਦੂਰ ਕੀਤੀਆਂ ਜਾਣਗੀਆਂ ਅਤੇ ਇਸ ਦੀ ਰਿਪੋਰਟ ਸਮੇਂ-2 ਤੇ ਜ਼ਿਲ੍ਹਾ ਸਿੱਖਿਆ ਅਫਸਰ ਜਾਂ ਨਿਰਦੇਸ਼ਕ ਸਿੱਖਿਆ ਵਿਭਾਗ ਨੂੰ ਪੁਜਦਾ ਕਰੇਗਾ ।

18: ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸੰਸਥਾ ਦੀ ਪੰਜੀਕਰਨ ਨਵਿਆਈ ਗਈ ਹੈ।

19: ਹੋਰ ਸ਼ਰਤਾਂ ਅਨੇਕਚਰ 3 ਅਨੁਸਾਰ ਨਾਲ ਨੱਥੀ ਹਨ।

20: **ਪੰਜਾਬ ਸਰਕਾਰ ਦੇ ਹੁਕਮ ਨੰ E-861949/2025/288-98 ਮਿਤੀ 14/08/2025 ਰਾਹੀ ਹਰੇਕ ਪ੍ਰਾਇਵੇਟ ਸਕੂਲ ਸੈਕਸ਼ਨ 12(1)( C) ਤਹਿਤ ਆਪਣੇ ਸਕੂਲ ਵਿੱਚ ਬੱਚਿਆ ਦਾ ਦਾਖਲਾ ਕਰਨ ਲਈ ਪਾਬੰਧ ਹੋਵੇਗਾ।**

ਨੋਟ : - ਸਕੂਲ ਨੂੰ ਇਸ ਸ਼ਰਤ ਤੇ ਮਾਨਤਾ ਜਾਰੀ ਕੀਤੀ ਜਾਂਦੀ /ਨਵਿਆਈ ਜਾਂਦੀ ਹੈ ਕਿ ਸਕੂਲ ਹਰ ਸਾਲ ਬਿਲਡਿੰਗ ਸੇਫਟੀ, ਫਾਇਰ ਸੇਫਟੀ ਅਤੇ ਜਨ ਸਿਹਤ ਸੇਵਾਵਾਂ ਦਾ ਸਰਟੀਫਿਕੇਟ ਸਬੰਧਤ ਵਿਭਾਗ ਤੋਂ ਮਿਆਦ ਅਨੁਸਾਰ ਨਵਿਆਉਣ ਲਈ ਵਚਨਬੱਧ ਰਹੇਗਾ। ਅਣਗਹਿਲੀ ਦੀ ਸੂਰਤ ਵਿੱਚ ਸਕੂਲ ਨਿੱਜੀ ਤੋਰ ਤੇ ਜਿੰਮੇਵਾਰ ਹੋਵੇਗਾ ਅਤੇ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ।

ਜਿਲ੍ਹਾ ਸਿੱਖਿਆ ਅਫਸਰ(ਐ:ਸਿ)

ਫਰੀਦਕੋਟ